



ਰੋਜ਼ਾਨਾ

ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com

8 ਫਰਵਰੀ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)






R.N.I. /Punpun/29016/2008/ • ਸਾਲ : 15 • ਅੰਕ : 41 • ਮੁੱਲ : 5.00 ਰੁਪਏ • ਕੁੱਲ ਪੇਜ : 10 • ਫੈਕਸ: 0181-2211009, 99155-94111


## ਅਮਰੀਕਾ ਵਿੱਚ ਭਾਰਤੀ ਵਿਦਿਆਰਥੀ ਦਾ ਗੋਲੀਆਂ ਮਾਰ ਕੀਤਾ ਗਿਆ ਕਤਲ



**ਹੈਦਰਾਬਾਦ/ਵਾਸ਼ਿੰਗਟਨ/ਲੋਕ ਬਾਣੀ**

ਅਮਰੀਕਾ ਤੋਂ ਇਕ ਦੁੱਖਦਾਇਕ ਖ਼ਬਰ ਸਾਹਮਣੇ ਆਈ ਹੈ। ਇੱਥੇ ਤੇਲੰਗਾਨਾ ਦੇ ਇੱਕ ਵਿਦਿਆਰਥੀ ਦੀ ਉਸ ਸਮੇਂ ਮੌਤ ਹੋ ਗਈ, ਜਦੋਂ ਉਸ ਤੋਂ ਹੱਥ ਵਿਚ ਫੜੀ ਬੰਦੂਕ ਅਚਾਨਕ ਚਲ ਪਈ। ਉਸ ਦੇ ਪਰਿਵਾਰ ਨੇ ਇਹ ਜਾਣਕਾਰੀ ਦਿੱਤੀ। ਸੋਮਵਾਰ ਰਾਤ (ਸਥਾਨਕ ਸਮੇਂ ਅਨੁਸਾਰ) ਅਲਬਾਮਾ ਰਾਜ ਦੇ ਔਬਰਨ ਵਿੱਚ ਵਾਪਰੀ ਇਸ ਘਟਨਾ ਵਿੱਚ ਖੰਮਮ ਜ਼ਿਲੇ ਦੇ 25 ਸਾਲਾ ਮਹਾਂਕਾਲੀ ਅਖਿਲ ਸਾਈ ਦੀ ਮੌਤ ਹੋ ਗਈ। ਸਾਈਂ ਕਰੀਬ 13 ਮਹੀਨੇ ਪਹਿਲਾਂ ਅਮਰੀਕਾ ਗਿਆ ਸੀ ਅਤੇ ਔਬਰਨ ਯੂਨੀਵਰਸਿਟੀ ਵਿੱਚ ਐਮ.ਐਸ. ਦੀ ਪੜਾਈ ਕਰ ਰਿਹਾ ਸੀ। ਉਹ ਨੇੜਲੇ ਗੈਸ ਸਟੇਸ਼ਨ 'ਤੇ ਪਾਰਟ ਟਾਈਮ ਨੌਕਰੀ ਵੀ ਕਰਦਾ ਸੀ।ਉਸ ਦੇ ਪਰਿਵਾਰ ਤੱਕ ਪਹੁੰਚੀ ਜਾਣਕਾਰੀ ਅਨੁਸਾਰ ਉਸ ਨੇ ਸੁਰੱਖਿਆ ਗਾਰਡ ਦੀ ਬੰਦੂਕ ਚੁੱਕੀ ਅਤੇ ਹੱਥਾਂ ਵਿਚ ਫੜ ਕੇ ਉਸ ਨੂੰ ਨੇੜਿਓਂ ਦੇਖ ਰਿਹਾ ਸੀ, ਜਦੋਂ ਇਹ ਅਚਾਨਕ ਗ਼ਲਤੀ ਨਾਲ ਚਲ ਪਈ। ਗੋਲੀ ਉਸ ਦੇ ਸਿਰ ਵਿੱਚ ਲੱਗੀ। ਗੈਸ ਸਟੇਸ਼ਨ ਦੇ ਕਰਮਚਾਰੀਆਂ ਨੇ ਉਸ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਉਸ ਨੇ ਦਮ ਤੋੜ ਦਿੱਤਾ। ਨੌਜਵਾਨ ਖੰਮਮ ਜ਼ਿਲੇ ਦੇ ਮਧੀਰਾ ਸ਼ਹਿਰ ਦਾ ਰਹਿਣ ਵਾਲਾ ਸੀ। ਸੂਚਨਾ ਮਿਲਣ 'ਤੇ ਉਸ ਦਾ ਪਰਿਵਾਰ ਸਦਮੇ ਵਿਚ ਹੈ। ਪਰਿਵਾਰ ਨੇ ਭਾਰਤ ਸਰਕਾਰ ਤੋਂ ਮ੍ਰਿਤਕ ਦੇਹ ਨੂੰ ਘਰ ਲਿਆਉਣ ਲਈ ਮਦਦ ਦੀ ਮੰਗ ਕੀਤੀ ਹੈ।



## 137 ਵਿਦਿਆਰਥੀ ਖਰਾਬ ਖਾਣੇ ਨਾਲ ਹੋਏ ਬਿਮਾਰ, ਹਸਪਤਾਲ ਭਰਤੀ



**ਮੰਗਲੁਰੂ/ਲੋਕ ਬਾਣੀ**

ਕਰਨਾਟਕ ਦੇ ਮੰਗਲੁਰੂ ਦੇ ਵਿੱਚ ਇੱਕ ਨਿੱਜੀ ਹੋਸਟਲ ਦੇ ਵਿੱਚ ਰਹਿ ਰਹੇ 137 ਨਰਸਿੰਗ ਅਤੇ ਪੈਰਾ-ਮੈਡੀਕਲ ਵਿਦਿਆਰਥੀਆਂ ਦੇ ਖਰਾਬ ਭੋਜਨ ਖਾਣ ਦੇ ਕਾਰਨ ਬਿਮਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਹਿਰੀਲਾ ਖਾਣਾ ਖਾਣ ਦੇ ਕਾਰਨ ਬਿਮਾਰ ਹੋਏ ਸਾਰੇ ਵਿਦਿਆਰਥੀਆਂ ਨੂੰ ਹਸਪਤਾਲ ਦੇ ਵਿੱਚ ਭਰਤੀ ਕਰਵਾਇਆ ਗਿਆ ਹੈ।ਹਾਲਾਂਕਿ ਬਿਮਾਰ ਵਿਦਿਆਰਥੀਆਂ ਦੇ ਵਿੱਚੋਂ ਕੁਝ ਵਿਦਿਆਰਥੀਆਂ ਦੀ ਹਾਲਤ ਬੇਹੱਦ ਨਾਜ਼ੁਕ ਦੱਸੀ ਜਾ ਰਹੀ ਹੈ। ਸਿਟੀ ਪੁਲਿਸ ਕਮਿਸ਼ਨਰ ਐਨ. ਸ਼ਸ਼ੀ ਕੁਮਾਰ ਨੇ ਜਾਣਕਾਰੀ ਦਿੰਦਿਆਂ ਇਹ ਦੱਸਿਆ ਹੈ ਕਿ ਵਿਦਿਆਰਥੀਆਂ ਨੂੰ ਸ਼ਹਿਰ ਦੇ ਵੱਖ-ਵੱਖ ਹਸਪਤਾਲਾਂ ਦੇ ਵਿੱਚ ਭਰਤੀ ਕਰਾ ਦਿੱਤਾ ਗਿਆ ਹੈ ।

## ਇਕ ਹੋਰ ਪੰਜਾਬੀ ਨੌਜਵਾਨ ਦੀ ਆਸਟ੍ਰੇਲੀਆ ਚ ਹੋਈ ਮੌਤ

**ਗੁਰਾਇਆ (ਮੁਨੀਸ਼) :** ਗੁਰਾਇਆ ਦੇ ਰਹਿਣ ਵਾਲੇ ਨੌਜਵਾਨ ਦਿਨੇਸ਼ ਕੁਮਾਰ ਭੌਂਸਲੇ (37) ਪੁੱਤਰ ਸਤਪਾਲ ਭੌਂਸਲੇ ਦੀ ਆਸਟ੍ਰੇਲੀਆ ਵਿਖੇ ਮੌਤ ਹੋ ਜਾਣ ਦਾ ਦੁਖ਼ਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਮੁਤਾਬਕ 27 ਜਨਵਰੀ 2023 ਨੂੰ ਦਿਨੇਸ਼ ਕੁਮਾਰ ਦੀ ਸੰਖੇਪ ਬੀਮਾਰੀ ਪਿੱਛੋਂ ਮੌਤ ਹੋ ਗਈ ਸੀ। ਦਿਨੇਸ਼ ਕੁਮਾਰ ਦੀ ਮ੍ਰਿਤਕ ਦੇਹ ਭਾਰਤ ਪਹੁੰਚ ਗਈ ਹੈ ਅਤੇ ਭਲਕੇ ਉਸ ਦਾ ਅੰਤਿਮ ਸਸਕਾਰ ਗੁਰਾਇਆ ਦੇ ਸ਼ਮਸ਼ਾਨਘਾਟ ਵਿਖੇ ਦੁਪਹਿਰ 12 ਵਜੇ ਕੀਤਾ ਜਾਵੇਗਾ। ਦੱਸ ਦੇਈਏ ਕਿ ਮ੍ਰਿਤਕ ਨੌਜਵਾਨ ਦਿਨੇਸ਼ ਦੋ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਉਹ ਆਪਣੇ ਪਿੱਛੇ ਪਤਨੀ ਅਤੇ ਮੁੰਡੇ ਨੂੰ ਛੱਡ ਗਿਆ ਹੈ। ਦਿਨੇਸ਼ ਕੁਮਾਰ ਕਾਂਗਰਸੀ ਆਗੂ ਅੰਮ੍ਰਿਤ ਭੌਂਸਲੇ ਦੇ ਚਾਚਾ ਜੀ ਦਾ ਮੁੰਡਾ ਸੀ।

## ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਪਹੁੰਚੇ ਹਜ਼ਾਰਾਂ ਮੁਲਾਜ਼ਮ

**ਸੰਗਰੂਰ/ਲੋਕ ਬਾਣੀ**

ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਰਿਹਾਇਸ਼ ਨੂੰ ਅੱਜ ਪਾਵਰਕਮ ਅਤੇ ਟਰਾਂਸਕੋ ਦੇ ਠੇਕਾ ਮੁਲਾਜਮਾਂ ਵਲੋਂ ਘੇਰਾ ਪਾਇਆ ਹੋਇਆ ਹੈ । ਸੈਂਕੜਿਆਂ ਦੀ ਤਾਦਾਦ ਵਿਚ ਇਕੱਤਰ ਹੋਏ ਠੇਕਾ ਮੁਲਾਜਮਾਂ ਵਲੋਂ ਪੰਜਾਬ ਸਰਕਾਰ ਉੱਤੇ ਵਾਅਦਾ ਖ਼ਿਲਾਫ਼ੀ ਦਾ ਦੋਸ਼ ਲਗਾਇਆ ਜਾ ਰਿਹਾ ਹੈ ।

## ਦੇਸ਼ ਦੇ ਰਾਸ਼ਟਰਪਤੀ ਮਿਲਿਆ ਭੂਟਾਨ ਦਾ ਸੰਸਦੀ ਵਫਦ



**ਦਿੱਲੀ/ਕਪੂਰ**

ਭੂਟਾਨ ਦੀ ਨੈਸ਼ਨਲ ਅਸੈਂਬਲੀ ਦੇ ਸਪੀਕਰ ਵਾਂਗਚੁਕ ਨਾਮਗਾਇਲ ਦੀ ਅਗਵਾਈ ਵਿਚ ਭੂਟਾਨ ਦੇ ਇਕ ਸੰਸਦੀ ਵਫ਼ਦ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ ਦਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।

## ਤੁਰਕੀ 'ਚ ਆਏ ਭੁਚਾਲ ਕਾਰਨ ਕਈ ਪ੍ਰਾਂਤਾਂ ਵਿੱਚ ਐਮਰਜੈਂਸੀ ਦੀ ਘੋਸ਼ਣਾ



**ਅੰਕਾਰਾ/ਲੋਕ ਬਾਣੀ**

ਤੁਰਕੀ ਦੀ ਅਨਾਦੋਲੂ ਨਿਊਜ਼ ਏਜੰਸੀ ਨੇ ਰਾਸ਼ਟਰਪਤੀ ਰੇਸੇਪ ਤੈਯਪ ਏਰਦੋਗਨ ਦੇ ਹਵਾਲੇ ਨਾਲ ਰਿਪੋਰਟ ਦਿੱਤੀ ਕਿ ਰਾਸ਼ਟਰਪਤੀ ਨੇ ਭੁਚਾਲ ਦੇ ਝਟਕਿਆਂ ਨਾਲ ਪ੍ਰਭਾਵਿਤ 10 ਪ੍ਰਾਂਤਾਂ ਵਿਚ 3 ਮਹੀਨਿਆਂ ਦੀ ਐਮਰਜੈਂਸੀ ਦੀ ਘੋਸ਼ਣਾ ਕੀਤੀ ਹੈ।

## ਬਿਹਾਰ 'ਚ ਪ੍ਰੋਗਰਾਮ ਦੌਰਾਨ ਚੱਲੀ ਗੋਲੀ, 1 ਦੀ ਮੌਤ

**ਪਟਨਾ/ਲੋਕ ਬਾਣੀ**

ਨਾਲੰਦਾ ਦੇ ਪਰਮਾਨੰਦ ਬੀਘਾ ਪਿੰਡ 'ਚ ਜਨਮ ਦਿਨ ਦੀ ਪਾਰਟੀ ਦੌਰਾਨ ਬੰਦਿਆਂ ਦੇ ਗੈਂਗ ਵਲੋਂ 10-15 ਰਾਊਂਡ ਗੋਲੀਆਂ ਚਲਾਉਣ ਨਾਲ ਇਕ ਸਾਲ ਦੇ ਬੱਚੇ ਦੀ ਮੌਤ ਹੋ ਗਈ। ਸਦਰ ਦੇ ਡੀ. ਐਸ. ਪੀ ਨੇ ਦੱਸਿਆ ਕਿ ਪੁਲਿਸ ਵਲੋਂ ਮੌਕੇ 'ਤੇ ਪਹੁੰਚ ਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।





## ਰਾਹੁਲ ਬੋਲੇ ਮੋਦੀ ਤੇ ਅਡਾਨੀ ਮਿਲ ਕੇ ਕੰਮ ਕਰ ਰਹੇ ਹਨ

**ਦਿੱਲੀ/ਕਪੂਰ**

ਲੋਕ ਸਭਾ ਵਿਚ ਕਾਂਗਰਸ ਸਾਂਸਦ ਰਾਹੁਲ ਗਾਂਧੀ ਨੇ ਕਿਹਾ ਕਿ ਅਡਾਨੀ ਨੇ 20 ਸਾਲਾਂ 'ਚ ਭਾਜਪਾ ਨੂੰ ਕਿੰਨਾ ਪੈਸਾ ਦਿੱਤਾ ? ਉਨਾਂ ਕਿਹਾ ਕਿ ਪਹਿਲਾਂ ਮੋਦੀ ਅਡਾਨੀ ਦੇ ਜਹਾਜ਼ 'ਚ ਜਾਂਦੇ ਸਨ, ਹੁਣ ਅਡਾਨੀ ਮੋਦੀ ਦੇ ਜਹਾਜ਼ 'ਚ ਜਾਂਦੇ ਹਨ। ਮੋਦੀ ਅਤੇ ਅਡਾਨੀ ਮਿਲ ਕੇ ਕੰਮ ਕਰ ਰਹੇ ਹਨ।

## 3 ਦਿਨ ਦੇ ਰਿਮਾਂਡ 'ਤੇ ਧਰਮਸੋਤ ਸਾਬਕਾ ਮੰਤਰੀ



**ਚੰਡੀਗੜ/ਵਿਨੋਦ ਸ਼ਰਮਾ**

ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿਚ ਪੰਜਾਬ ਵਿਜੀਲੈਂਸ ਵਲੋਂ ਗ੍ਰਿਫ਼ਤਾਰ ਕੀਤੇ ਗਏ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਅੱਜ ਅਦਾਲਤ ਵਿਚ ਪੇਸ਼ ਕੀਤਾ ਗਿਆ। ਅਦਾਲਤ ਨੇ ਸਾਧੂ ਸਿੰਘ ਧਰਮਸੋਤ ਨੂੰ ਤਿੰਨ ਦਿਨਾਂ ਦੇ ਲਈ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਅਦਾਲਤ ਵਿਚ ਪਹੁੰਚੇ ਸਾਧੂ ਸਿੰਘ ਧਰਮਸੋਤ ਨਾਲ ਜਦੋਂ ਮੀਡੀਆ ਨੇ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਉਹ ਸਭ ਕੁਝ ਅਦਾਲਤ ਵਿਚ ਕਹਿਣਗੇ।


ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਕੈਲਸ, ਮਿਲਾਪ ਚੌਂਕ ਜਲੰਧਰ 99155-94111